Vigilance Bureau Punjab

# VIGILANCE REGISTERS CASE AGAINST PATWARI AND HIS 'AGENT'

Chandigarh, January 7: State Vigilance Bureau, today registered a case against a revenue Patwari and his agent in a bribery case. During the trap agent Partap Singh was nabbed red handed.

Disclosing this here an official spokesperson of the Vigilance Bureau said Partap Singh of village Hardo Jhande, Gurdaspur district, agent of Patwari Surjeet Singh of revenue halqa Sarki, in Gurdaspur district was nabbed red handed by Vigilance team for accepting bribe of Rs. 12,000 from complainant Jagtar Singh of village Marianwala in Gurdaspur district.

The Complainant has approached the VB that the above said Patwari and his agent were demanding Rs. 15,000 for the mutation of land of his relative and the deal was struck at Rs. 12,000.

After verifying his information, the Vigilance team laid a trap and the accused Patwari's agent was arrested on the spot while accepting bribe of Rs. 12,000/- from the complainant in the presence of two official witnesses

He informed that a case under Prevention of Corruption Act has been registered against both the accused at VB police station Amritsar and further investigations was under progress.

----------------

## ਵਿਜੀਲੈਂਸ ਬਿਓਰੋ ਪੰਜਾਬ

## ਵਿਜੀਲੈਂਸ ਵਲੋਂ ਰਿਸ਼ਵਤ ਦੇ ਕੇਸ ਵਿਚ ਪਟਵਾਰੀ ਤੇ ਏਜੰਟ ਖਿਲਾਫ਼ ਪਰਚਾ ਦਰਜ, ਏਜੰਟ ਮੌਕੇ 'ਤੇ ਕਾਬੂ

ਚੰਡੀਗੜ੍ਹ, 7 ਜਨਵਰੀ:

ਵਿਜੀਲੈਂਸ ਬਿਊਰੋ ਪੰਜਾਬ ਵੱਲੋਂ ਭ੍ਰਿਸ਼ਟਾਚਾਰ ਵਿਰੁੱਧ ਚਲ ਰਹੀ ਮੁਹਿੰਮ ਦੌਰਾਨ ਅੱਜ ਮਾਲ ਹਲਕਾ ਸਰਕੀ, ਗੁਰਦਾਸਪੁਰ ਵਿਖੇ ਤਾਇਨਾਤ ਪਟਵਾਰੀ ਉਸਦੇ ਏਜੰਟ ਖਿਲਾਫ਼ ਰਿਸ਼ਵਤ ਲੈਣ ਸਬੰਧੀ ਪਰਚਾ ਦਰਜ ਕੀਤਾ ਹੈ ਅਤੇ ਇਸ ਕੇਸ ਵਿਚ ਏਜੰਟ ਨੂੰ ਰਿਸ਼ਵਤ ਲੈਂਦਿਆਂ ਮੌਕੇ 'ਤੇ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਪਟਵਾਰੀ ਸੁਰਜੀਤ ਸਿੰਘ ਦੇ ਏਜੰਟ ਪਰਤਾਪ ਸਿੰਘ ਵਾਸੀ ਪਿੰਡ ਹਰਦੋ ਝੰਡੇ ਜਿਲਾ ਗੁਰਦਾਸਪੁਰ ਨੂੰ ਸ਼ਿਕਾਇਤਕਰਤਾ ਜਗਤਾਰ ਸਿੰਘ ਵਾਸੀ ਪਿੰਡ ਮੜੀਆਂਵਾਲਾ, ਜਿਲਾ ਗੁਰਦਾਸਪੁਰ ਦੀ ਸ਼ਿਕਾਇਤ 'ਤੇ 12,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਪਟਵਾਰੀ ਅਤੇ ਉਸ ਦੇ ਏਜੰਟ ਵਲੋਂ ਜਮੀਨ ਦਾ ਵਿਰਾਸਤੀ ਇੰਤਕਾਲ ਦਰਜ ਕਰਨ ਬਦਲੇ 15,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 12,000 ਵਿਚ ਤੈਅ ਹੋਇਆ ਹੈ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਪਟਵਾਰੀ ਦੇ ਏਜੰਟ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 12,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਅਤੇ ਉਸ ਦੇ ਏਜੰਟ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੰਮ੍ਰਿਤਸਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।